# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-06-2024**

ਕੌਮੀ ਪ੍ਰੀਖਿਆ ਏਜੰਸੀ - NTA ਨੇ ਰੱਦ ਅਤੇ ਮੁਲਤਵੀ ਪ੍ਰੀਖਿਆਵਾਂ ਲਈ ਨਵੀਆਂ ਤਰੀਕਾਂ ਦਾ ਐਲਾਨ ਕੀਤਾ ਏ । ਕੱਲ੍ਹ ਜਾਰੀ ਇੱਕ ਨੋਟੀਫਿਕੇਸ਼ਨ ਵਿੱਚ, ਪ੍ਰੀਖਿਆ ਏਜੰਸੀ ਨੇ ਕਿਹਾ ਕਿ UGC-NET ਜੂਨ 2024 ਦੀ ਪ੍ਰੀਖਿਆ, ਹੁਣ 21 ਅਗਸਤ ਤੋਂ 4 ਸਤੰਬਰ ਦੇ ਵਿਚਕਾਰ ਆਯੋਜਿਤ ਕੀਤੀ ਜਾਵੇਗੀ । ਇਹ ਇਮਤਿਹਾਨ 18 ਜੂਨ ਨੂੰ, ਲਏ ਜਾਣ ਤੋਂ ਇਕ ਦਿਨ ਬਾਅਦ, ਰੱਦ ਕਰ ਦਿੱਤਾ ਗਿਆ ਸੀ। ਸੰਯੁਕਤ CSIR-UGC-NET ਜੂਨ-2024 , ਹੁਣ 25 ਤੋਂ 27 ਜੁਲਾਈ ਦੇ ਵਿਚਕਾਰ ਆਯੋਜਿਤ ਕੀਤਾ ਜਾਵੇਗਾ। ਚਾਰ ਸਾਲਾ ਇੰਟੈਗਰੇਟਿਡ ਟੀਚਰ ਐਜੂਕੇਸ਼ਨ ਪ੍ਰੋਗਰਾਮ-ਆਈ.ਟੀ.ਈ.ਪੀ. ਵਿੱਚ ਦਾਖਲੇ ਲਈ ਰਾਸ਼ਟਰੀ ਸਾਂਝਾ ਪ੍ਰਵੇਸ਼ ਪ੍ਰੀਖਿਆ ਵੀ ਮੁਲਤਵੀ ਕਰ ਦਿੱਤੀ ਗਈ। ਇਹ ਪ੍ਰੀਖਿਆ ਹੁਣ 10 ਜੁਲਾਈ ਨੂੰ ਹੋਵੇਗੀ। NTA ਨੇ ਕਿਹਾ ਕਿ ਆਲ ਇੰਡੀਆ ਆਯੂਸ਼

ਪੋਸਟ ਗ੍ਰੈਜੂਏਟ ਪ੍ਰਵੇਸ਼ ਪ੍ਰੀਖਿਆ 2024 ਅਗਲੇ ਮਹੀਨੇ ਦੀ 6 ਤਰੀਕ ਨੂੰ ਆਪਣੇ ਮੂਲ ਕਾਰਜਕ੍ਰਮ ਅਨੁਸਾਰ ਆਯੋਜਿਤ ਕੀਤੀ ਜਾਵੇਗੀ। NTA ਨੇ ਉਮੀਦਵਾਰਾਂ ਨੂੰ ਵਧੇਰੇ ਵੇਰਵਿਆਂ ਲਈ ਅਧਿਕਾਰਤ ਵੈੱਬਸਾਈਟ nta.ac.in 'ਤੇ ਜਾਣ ਦੀ ਸਲਾਹ ਦਿੱਤੀ ਏ।

--------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ 30 ਜੂਨ ਨੂੰ, ਸਵੇਰੇ 11 ਵਜੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ, ਆਪਣੇ ਵਿਚਾਰ ਸਾਂਝੇ ਕਰਨਗੇ । ਇਹ ਮਹੀਨੇਵਾਰ ਰੇਡੀਓ ਪ੍ਰੋਗਰਾਮ ਦਾ 111ਵਾਂ ਐਪੀਸੋਡ ਹੋਵੇਗਾ। ਸ੍ਰੀ ਮੋਦੀ ਦੇ ਲਗਾਤਾਰ ਤੀਜੀ ਵਾਰ, ਪ੍ਰਧਾਨ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਬਾਅਦ 'ਮਨ ਕੀ ਬਾਤ' ਪ੍ਰੋਗਰਾਮ ਦਾ ਇਹ ਪਹਿਲਾ ਐਪੀਸੋਡ ਏ । ਇਹ ਪ੍ਰੋਗਰਾਮ ਆਕਾਸ਼ਵਾਣੀ ਤੇ ਦੂਰਦਰਸ਼ਨ, ਆਕਾਸ਼ਵਾਣੀ ਵੈੱਬਸਾਈਟ ਅਤੇ ਨਿਊਜ਼ ਆਨ ਏ ਆਈ ਆਰ ਮੋਬਾਈਲ ਐਪ ਦੇ ਪੂਰੇ ਨੈੱਟਵਰਕ 'ਤੇ ਪ੍ਰਸਾਰਿਤ ਕੀਤਾ ਜਾਵੇਗਾ । ਇਸ ਦਾ ਸਿੱਧਾ ਪ੍ਰਸਾਰਣ ਆਕਾਸ਼ਵਾਣੀ, ਡੀ ਡੀ ਨਿਊਜ਼, ਪ੍ਰਧਾਨ ਮੰਤਰੀ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ

ਦੇ ਯੂ ਟਿਊਬ ਚੈਨਲਾਂ 'ਤੇ ਵੀ ਕੀਤਾ ਜਾਵੇਗਾ । ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਇਹ ਪ੍ਰੋਗਰਾਮ, ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ।

-------------------------------------------------------

ਪੰਜਾਬ ਦੇ ਹਰ ਖੇਤ ਤੱਕ ਸਿੰਚਾਈ ਲਈ, ਨਹਿਰੀ ਪਾਣੀ ਯਕੀਨੀ ਬਣਾਉਣ ਦੀ ਵਚਨਬੱਧਤਾ ਪੂਰਾ ਕਰਨ ਦੀ ਦਿਸ਼ਾ ਵਿੱਚ, ਠੋਸ ਕਦਮ ਚੁੱਕਦਿਆਂ, ਸਰਕਾਰ ਨੇ ਨਹਿਰੀ ਪਾਣੀ ਨੂੰ ਹਰ ਖੇਤ ਤੱਕ ਪਹੁੰਚਾਉਣ ਅਤੇ ਪਾਣੀ ਦੇ ਸੁਚੱਜੇ ਵਹਾਅ ਤੇ ਵੰਡ ਲਈ ਖ਼ਸਤਾ ਨਹਿਰਾਂ, ਰਜਬਾਹਿਆਂ ਅਤੇ ਮਾਈਨਰਾਂ ਨੂੰ ਸੁਰਜੀਤ ਕਰਨ ਸਮੇਤ ਹੋਰ ਪਾਣੀ ਪ੍ਰਬੰਧਨ ਪਹਿਲਕਦਮੀਆਂ ਕਰਕੇ ਨਵੀਆਂ ਬੁਲੰਦੀਆਂ ਨੂੰ ਛੂਹਿਆ ਏ । ਖੇਤਾਂ ਤੱਕ ਪਾਣੀ ਪਹੁੰਚਾਉਣ ਦੀਆਂ ਪਹਿਲਕਦਮੀ ਬਾਰੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ, ਜਲ ਸਰੋਤ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਵਿਭਾਗ ਦੇ ਠੋਸ ਯਤਨਾਂ ਸਦਕਾ ਪਿਛਲੇ ਸਾਲ ਪਹਿਲੀ ਵਾਰ ਲਗਭਗ 900 ਥਾਵਾਂ 'ਤੇ ਪਾਣੀ ਪਹੁੰਚਾਇਆ ਗਿਆ, ਜਿਨ੍ਹਾਂ ਵਿੱਚੋਂ ਕੁਝ ਥਾਵਾਂ 35-40 ਵਰ੍ਹਿਆਂ ਤੋਂ ਸੁੱਕੀਆਂ ਸਨ ।

ਉਨਾਂ ਦੱਸਿਆ ਕਿ ਸਥਾਈ ਜਲ ਪ੍ਰਬੰਧਨ ਸਬੰਧੀ ਸਰਕਾਰ ਨੇ ਆਪਣੇ ਮਿਸ਼ਨ ਨੂੰ ਜਾਰੀ ਰੱਖਦਿਆਂ, ਇਸ ਵਰ੍ਹੇ ਪਹਿਲਾਂ ਹੀ 114 ਥਾਵਾਂ 'ਤੇ ਖਾਲਿਆਂ ਨੂੰ ਬਹਾਲ ਕੀਤਾ ਏ। ਇਨ੍ਹਾਂ ਵਿਚੋਂ 13 ਖੇਤਰਾਂ ਨੂੰ 40 ਸਾਲਾਂ ਤੋਂ ਬਾਅਦ, ਦੋ ਖੇਤਰਾਂ ਨੂੰ 35 ਸਾਲਾਂ ਬਾਅਦ, ਪੰਜ ਖੇਤਰਾਂ ਨੂੰ 25 ਸਾਲਾਂ ਬਾਅਦ ਅਤੇ ਕੋਈ 50 ਥਾਵਾਂ ਨੂੰ 18 ਸਾਲਾਂ ਬਾਅਦ ਪਾਣੀ ਮਿਲਿਆ ਏ। ਇਹ ਖੇਤਰ ਜਲੰਧਰ, ਕਪੂਰਥਲਾ, ਐਸ.ਬੀ.ਐਸ.ਨਗਰ, ਫ਼ਤਹਿਗੜ੍ਹਸਾਹਿਬ, ਲੁਧਿਆਣਾ, ਪਟਿਆਲਾ, ਅੰਮ੍ਰਿਤਸਰ, ਐਸ.ਏ.ਐਸ.ਨਗਰ, ਹੁਸ਼ਿਆਰਪੁਰ, ਮੋਗਾ, ਗੁਰਦਾਸਪੁਰ, ਰੋਪੜ, ਸੰਗਰੂਰ ਅਤੇ ਮਾਲੇਰਕੋਟਲਾ ਜ਼ਿਲ੍ਹਿਆਂ ਵਿੱਚ ਨੇ।

---------------------------------------------------------------

ਦੇਸ਼ ਵਿਚ ਅੰਗਰੇਜ਼ੀ ਰਾਜ ਸਮੇ ਬਣੇ ਤਿੰਨ ਕਾਨੂੰਨਾਂ ਦੀ ਥਾਂ ਪਹਿਲੀ ਜੁਲਾਈ ਤੋਂ ਨਵੇਂ ਕਾਨੂੰਨ ਭਾਰਤੀ ਨਿਆਏ ਸੰਹਿਤਾ, ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ ਅਤੇ ਭਾਰਤੀ ਸਾਕਸ਼ਯ ਐਕਟ ਲਾਗੂ ਹੋ ਜਾਣਗੇ। ਇਹ ਨਵੇਂ ਕ਼ਾਨੂਨ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ ਨੇ।

ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਹੁਣ ਕਿਤੋਂ ਵੀ, ਕਿਸੇ ਵੀ ਸਮੇਂ ਐਫ ਆਈ ਆਰ ਦਰਜ ਕਰਵਾਈ ਜਾ ਸਕਦੀ ਏ, ਕਿਉਂਕਿ ਨਵੇਂ ਕਾਨੂੰਨ ਇਲੈਕਟ੍ਰਾਨਿਕ ਐਫ ਆਈ ਆਰ ਯਾਨੀ ਈ - ਐਫ ਆਈ ਆਰ ਦਾ ਹੱਕ ਦੇਂਦੇ ਨੇ। ਹੁਣ ਆਪਣੇ ਮੋਬਾਈਲ ਜਾਂ ਕੰਪਿਊਟਰ ਤੋਂ ਈ - ਐਫ ਆਈ ਆਰ ਦਰਜ ਕਰਕੇ ਸਹੂਲਤ ਅਨੁਸਾਰ ਤਿੰਨ ਦਿਨਾਂ ਦੇ ਅੰਦਰ ਪੁਲਿਸ ਸਟੇਸ਼ਨ ਜਾ ਕੇ ਆਪਣੇ ਐਫ ਆਈ ਆਰ ਦਸਤਾਵੇਜ਼ 'ਤੇ ਦਸਤਖਤ ਕਰਨੇ ਹੋਣਗੇ। ਈ-ਐਫ ਆਈ ਆਰ ਦੀ ਸਹੂਲਤ ਨੂੰ ਹੁਣ ਪੀੜਤ ਦਾ ਅਧਿਕਾਰ ਬਣਇਆ ਗਿਆ ਏ। ਪਹਿਲੀ ਜੁਲਾਈ ਤੋਂ ਲਾਗੂ ਹੋਣ ਵਾਲੇ ਆਜ਼ਾਦ ਭਾਰਤ ਦੇ ਇਹ ਆਪਣੇ ਨਵੇਂ ਕ਼ਾਨੂਨ - ਦਸਤਾਵੇਜਾਂ ਦੀ ਪਰਿਭਾਸ਼ਾ ਦਾ ਵਿਸਤਾਰ ਕਰਕੇ ਇਲੈਕਟ੍ਰਾਨਿਕ ਜਾਂ ਡਿਜੀਟਲ ਰਿਕਾਰਡਸ ਵਰਗੇ ਈ-ਮੇਲ, ਸਰਵਰ ਲੌਗਸ, ਕੰਪਿਊਟਰ, ਸਮਾਰਟ ਫੋਨ, ਲੈਪਟਾਪਸ, ਐਸ ਐਮ ਐਸ, ਵੈਬਸਾਈਟ, ਸਥਾਨਿਕ ਸਬੂਤ, ਡਿਵਾਈਸ 'ਤੇ ਉਪਲਬਧ ਮੇਲ ਤੇ ਸੰਦੇਸ਼ ਆਦਿ ਨੂੰ ਕਾਨੂੰਨੀ ਵੈਧਤਾ ਪ੍ਦਾਨ ਕਰਦੇ ਨੇ। ਨਵੇਂ ਅਪਰਾਧਿਕ ਕਾਨੂੰਨ ਤਹਿਤ ਸਬੂਤ ਦੀ ਪਰਿਭਾਸ਼ਾ ਦਾ ਵਿਸਥਾਰ

*<u>ਕੀਤਾ ਗਿਆ। ਇਲੈਕਟ੍ਰਾਨਿਕ ਤਰੀਕੇ ਨਾਲ ਦਿੱਤੇ ਗਏ ਬਿਆਨ ਅਤੇ ਇਲੈਕਟ੍ਰਾਨਿਕ ਜਾਂ ਡਿਜੀਟਲ ਰਿਕਾਰਡ ਹੁਣ ਸਬੂਤ ਦੀ ਪਰਿਭਾਸ਼ਾ ਵਿੱਚ ਸ਼ਾਮਲ ਕੀਤੇ ਗਏ ਨੇ। ਇਸਦੇ ਨਾਲ ਹੀ ਗਵਾਹਾਂ, ਮੁਲਜ਼ਮਾਂ, ਮਾਹਿਰਾਂ ਅਤੇ ਪੀੜਤਾਂ ਨੂੰ ਇਲੈਕਟ੍ਰਾਨਿਕ ਰੂਪ ਵਿੱਚ ਪੇਸ਼ ਹੋਣ ਦੀ ਇਜਾਜ਼ਤ, ਤਲਾਸ਼ੀ ਜਾਂ ਜ਼ਬਤੀ ਦੀ ਕਾਰਵਾਈ ਵਿੱਚ, ਆਡੀਓ ਵੀਡੀਓ ਰਿਕਾਰਡਿੰਗ ਨੂੰ ਲਾਜ਼ਮੀ ਬਣਾ ਦਿੱਤਾ ਗਿਆ ਏ। ਯਕੀਨਨ ਨਵੇਂ ਕਾਨੂੰਨ ਦਾ ਵਾਅਦਾ ਏ ਛੇਤੀ ਨਿਆਂ ਅਤੇ ਵਿੱਚ ਕੋਈ ਅੜਿਕਾ ਨਹੀਂ। ਬਿਊਰੋ ਰਿਪੋਰਟ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ</u>*

---------------------------------------------------

ਹੁਸ਼ਿਆਰਪੁਰ ਜ਼ਿਲੇ ਵਿਚ ਟਾਂਡਾ ਕਸਬੇ ਦੇ ਅੱਡਾ ਸਰਾਂ ਨੇੜੇ, ਇੱਕ ਕਾਰ ਤੇ ਟਰੱਕ ਵਿਚਾਲੇ ਹੋਈ ਟੱਕਰ ਦੌਰਾਨ, ਕਾਰ ਸਵਾਰ 4 ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ ਇੱਕ ਹੋਰ ਗੰਭੀਰ ਰੂਪ ਨਾਲ ਜ਼ਖਮੀ ਹੋ ਗਿਆ। ਪੁਲਿਸ ਨੂੰ ਤੜਕਸਾਰ ਹਾਦਸੇ ਬਾਰੇ ਇਤਲਾਹ ਮਿਲੀ ਸੀ। ਮਰਨ ਵਾਲਿਆਂ ਵਿਚ ਇੱਕ ਬੱਚਾ, ਇੱਕ ਔਰਤ ਤੇ ਦੋ ਮਰਦ ਸ਼ਾਮਲ

ਨੇ। ਕਾਰ ਸਵਾਰ ਵਿਅਕਤੀ ਟਾਂਡਾ ਤੋਂ ਪੀ ਜੀ ਆਈ ਚੰਡੀਗੜ੍ਹ ਜਾ ਰਹੇ ਸਨ ਜਦਕਿ ਟਰੱਕ ਹੁਸ਼ਿਆਰਪੁਰ ਤੋਂ ਟਾਂਡਾ ਵੱਲ ਜਾ ਰਿਹਾ ਸੀ, ਕਿ ਦੋਨਾਂ ਵਿਚਾਲੇ ਅੱਡਾ ਸਰਾਂ ਦੇ ਕੋਲ ਆਮਣੇ ਸਾਹਮਣੇ ਟੱਕਰ ਹੋ ਗਈ। ਗੰਭੀਰ ਜਖਮੀ ਨੂੰ ਅਮ੍ਰਿਤਸਰ ਮੈਡੀਕਲ ਕਾਲਜ ਰੈਫਰ ਕੀਤਾ ਗਿਆ ਏ। ਪੁਲਿਸ ਪ੍ਰਸਾਸਨ ਵੱਲੋ ਹਾਦਸੇ ਦੇ ਕਾਰਨਾ ਦੀ ਜਾਂਚ ਕੀਤੀ ਜਾ ਰਹੀ ਏ।